ਪ੍ਰਭਾਤੀ ਮਹਲਾ ੫ ਬਿਭਾਸ ੴ ਸਤਿਗੁਰ ਪ੍ਰਸਾਦਿ ॥ ਮਨੁ ਹਰਿ ਕੀਆ ਤਨੁ ਸਭੁ ਸਾਜਿਆ ॥ ਪੰਚ ਤਤ ਰਚਿ ਜੋਤਿ ਨਿਵਾਜਿਆ ॥ ਸਿਹਜਾ ਧਰਤਿ ਬਰਤਨ ਕਉ ਪਾਨੀ ॥ ਨਿਮਖ ਨ ਵਿਸਾਰਹੁ ਸੇਵਹੁ ਸਾਰਿਗਪਾਨੀ ॥੧॥ ਮਨ ਸਤਿਗੁਰੁ ਸੇਵਿ ਹੋਇ ਪਰਮ ਗਤੇ ॥ ਹਰਖ ਸੋਗ ਤੇ ਰਹਹਿ ਨਿਰਾਰਾ ਤਾਂ ਤੂ ਪਾਵਹਿ ਪ੍ਰਾਨਪਤੇ ॥੧॥ ਰਹਾਉ ॥ ਕਾਪੜ ਭੋਗ ਰਸ ਅਨਿਕ ਭੁੰਚਾਏ ॥ ਮਾਤ ਪਿਤਾ ਕੁਟੰਬ ਸਗਲ ਬਨਾਏ ॥ ਰਿਜਕੁ ਸਮਾਹੇ ਜਲਿ ਥਲਿ ਮੀਤ ॥ ਸੋ ਹਰਿ ਸੇਵਹੁ ਨੀਤਾ ਨੀਤ ॥੨॥ ਤਹਾ ਸਖਾਈ ਜਹ ਕੋਇ ਨ ਹੋਵੈ ॥ ਕੋਟਿ ਅਪ੍ਰਾਧ ਇਕ ਖਿਨ ਮਹਿ ਧੋਵੈ ॥ ਦਾਤਿ ਕਰੈ ਨਹੀ ਪਛੋੁਤਾਵੈ ॥ ਏਕਾ ਬਖਸ ਫਿਰਿ ਬਹੁਰਿ ਨ ਬੁਲਾਵੈ ॥੩॥ ਕਿਰਤ ਸੰਜੋਗੀ ਪਾਇਆ ਭਾਲਿ ॥ ਸਾਧਸੰਗਤਿ ਮਹਿ ਬਸੇ ਗੁਪਾਲ ॥ ਗੁਰ ਮਿਲਿ ਆਏ ਤੁਮਰੈ ਦੁਆਰ ॥ ਜਨ ਨਾਨਕ ਦਰਸਨੁ ਦੇਹੁ ਮੁਰਾਰਿ ॥੪॥੧॥

{ਪੰਨਾ 1337}

ਪਦ ਅਰਥ:- ਸਾਜਿਆ—ਪੈਦਾ ਕੀਤਾ। ਰਚਿ—ਬਣਾ ਕੇ। ਨਿਵਾਜਿਆ—ਸੋਹਣਾ ਬਣਾ ਦਿੱਤਾ। ਸਿਹਜਾ—(ਲੇਟਣ ਵਾਸਤੇ) ਵਿਛੌਣਾ। ਕਉ—ਨੂੰ, ਵਾਸਤੇ। ਨਿਮਖ—(inmy—) ਅੱਖ ਝਮਕਣ ਜਿਤਨਾ ਸਮਾ। ਸਾਰਿਗਪਾਨੀ—(ਸਾਰਿਗ—ਧਨੁੱਖ। ਪਾਨੀ—ਹੱਥ। ਜਿਸ ਦੇ ਹੱਥ ਵਿਚ ਧਨੁਖ ਹੈ) ਪਰਮਾਤਮਾ।1।

ਮਨ—ਹੇ ਮਨ! ਪਰਮ ਗਤੇ—ਸਭ ਤੋਂ ਉੱਚੀ ਆਤਮਕ ਅਵਸਥਾ। ਹਰਖ—ਖ਼ੁਸ਼ੀ। ਸੋਗ—ਗ਼ਮ। ਤੇ—ਤੋਂ। ਰਹਹਿ—(ਜੇ) ਤੂੰ ਟਿਕਿਆ ਰਹੇਂ। ਨਿਰਾਰਾ—ਵੱਖਰਾ। ਪ੍ਰਾਨ ਪਤੇ—ਜਿੰਦ ਦਾ ਮਾਲਕ-ਪ੍ਰਭੂ।1। ਰਹਾਉ।

ਕਾਪੜ—ਕੱਪੜੇ। ਭੁੰਚਾਏ—ਖਾਣ ਲਈ ਦੇਂਦਾ ਹੈ। ਸਗਲ—ਸਾਰੇ। ਕੁਟੰਬ—ਪਰਵਾਰ। ਸਮਾਹੇ—ਸੰਬਾਹੇ, ਅਪੜਾਂਦਾ ਹੈ। ਜਲਿ—ਜਲ ਵਿਚ। ਥਲਿ—ਧਰਤੀ ਉੱਤੇ, ਧਰਤੀ ਵਿਚ। ਮੀਤ—ਹੇ ਮਿੱਤਰ! ਨੀਤਾ ਨੀਤ—ਸਦਾ ਹੀ।2।

ਤਹ—ਉੱਥੇ। ਸਖਾਈ—ਸਾਥੀ। ਜਹ—ਜਿੱਥੇ। ਕੋਟਿ—ਕ੍ਰੋੜਾਂ। ਅਪ੍ਰਾਧ—ਭੁੱਲਾਂ। ਪਛੋੁਤਾਵੈ—(ਅੱਖਰ 'ਛ' ਦੇ ਨਾਲ ਦੋ ਲਗਾਂ ਹਨ— ੋ ਅਤੇ ੁ। ਅਸਲ ਲਫ਼ਜ਼ 'ਪਛੁਤਾਵੈ' ਹੈ, ਇੱਥੇ 'ਪਛੋਤਾਵੈ' ਪੜ੍ਹਨਾ ਹੈ) ਅਫ਼ਸੋਸ ਕਰਦਾ। ਏਕਾ—ਇਕੋ ਵਾਰੀ। ਬਖਸ—ਬਖ਼ਸ਼ਸ਼, ਮਿਹਰ। ਬਹੁਰਿ—ਮੁੜ। ਬੁਲਾਵੈ—ਸੱਦਦਾ, ਲੇਖਾ ਮੰਗਦਾ।3।

ਕਿਰਤ—ਪਿਛਲੇ ਕੀਤੇ ਹੋਏ ਕੰਮ। ਸੰਜੋਗ—ਮੇਲ। ਸੰਜੋਗੀ—ਮੇਲ ਅਨੁਸਾਰ। ਕਿਰਤ ਸੰਜੋਗੀ—ਪਿਛਲੇ ਕੀਤੇ ਕਰਮਾਂ ਦੇ ਮਿਲਾਪ ਅਨੁਸਾਰ। ਭਾਲਿ—ਢੂੰਢ ਕੇ। ਗੁਪਾਲ—ਧਰਤੀ ਦੇ ਰੱਖਣਹਾਰ ਪ੍ਰਭੂ। ਗੁਰ ਮਿਲਿ—ਗੁਰੂ ਨੂੰ ਮਿਲ ਕੇ। ਮੁਰਾਰਿ—ਹੇ ਮੁਰਾਰੀ! (ਮੁਰ-ਅਰਿ। ਅਰਿ—ਵੈਰੀ। ਮੁਰ ਦੈਂਤ ਦਾ ਵੈਰੀ)।4।

ਅਰਥ:- ਹੇ (ਮੇਰੇ) ਮਨ! ਗੁਰੂ ਦੀ ਸਰਨ ਪਿਆ ਰਹੁ (ਇਸ ਤਰ੍ਹਾਂ) ਸਭ ਤੋਂ ਉੱਚੀ ਆਤਮਕ ਅਵਸਥਾ ਪ੍ਰਾਪਤ ਹੋ ਜਾਂਦੀ ਹੈ। ਜੇ ਤੂੰ (ਗੁਰੂ ਦੇ ਦਰ ਤੇ ਰਹਿ ਕੇ) ਖ਼ੁਸ਼ੀ ਗ਼ਮੀ ਤੋਂ ਨਿਰਲੇਪ ਟਿਕਿਆ ਰਹੇਂ, ਤਾਂ ਤੂੰ ਜਿੰਦ ਦੇ ਮਾਲਕ ਪ੍ਰਭੂ ਨੂੰ ਮਿਲ ਪਏਂਗਾ।1। ਰਹਾਉ।

ਹੇ ਭਾਈ! ਜਿਸ ਪਰਮਾਤਮਾ ਨੇ (ਤੇਰਾ) ਮਨ ਬਣਾਇਆ, (ਤੇਰਾ) ਸਰੀਰ ਬਣਾਇਆ। (ਮਿੱਟੀ ਹਵਾ ਆਦਿਕ) ਪੰਜ ਤੱਤਾਂ ਦਾ ਪੁਤਲਾ ਬਣਾ ਕੇ (ਉਸ ਨੂੰ ਆਪਣੀ) ਜੋਤਿ ਨਾਲ ਸੋਹਣਾ ਬਣਾ ਦਿੱਤਾ। (ਜਿਸ ਨੇ ਤੈਨੂੰ) ਲੇਟਣ ਵਾਸਤੇ ਧਰਤੀ ਦਿੱਤੀ, (ਜਿਸ ਨੇ ਤੈਨੂੰ) ਵਰਤਣ ਲਈ ਪਾਣੀ ਦਿੱਤਾ, ਉਸ ਪਰਮਾਤਮਾ ਨੂੰ ਕਦੇ ਨਾਹ ਭੁਲਾਓ, ਉਸ ਨੂੰ (ਹਰ ਵੇਲੇ) ਸਿਮਰਦੇ ਰਹੋ।1।

ਹੇ ਭਾਈ! ਜਿਸ ਪਰਮਾਤਮਾ ਨੇ ਤੈਨੂੰ ਅਨੇਕਾਂ (ਕਿਸਮਾਂ ਦੇ) ਕੱਪੜੇ ਵਰਤਣ ਨੂੰ ਦਿੱਤੇ, ਜਿਸ ਨੇ ਤੈਨੂੰ ਅਨੇਕਾਂ ਚੰਗੇ ਚੰਗੇ ਪਦਾਰਥ ਖਾਣ-ਪੀਣ ਨੂੰ ਦਿੱਤੇ, ਜਿਸ ਨੇ ਤੇਰੇ ਵਾਸਤੇ ਮਾਂ ਪਿਉ ਪਰਵਾਰ (ਆਦਿਕ) ਸਾਰੇ ਸੰਬੰਧੀ ਬਣਾ ਦਿੱਤੇ,

ਹੇ ਮਿੱਤਰ! ਜਿਹੜਾ ਪਰਮਾਤਮਾ ਪਾਣੀ ਵਿਚ ਧਰਤੀ ਵਿਚ (ਹਰ ਥਾਂ ਜੀਵਾਂ ਨੂੰ) ਰਿਜ਼ਕ ਅਪੜਾਂਦਾ ਹੈ, ਉਸ ਪਰਮਾਤਮਾ ਨੂੰ ਸਦਾ ਹੀ ਸਦਾ ਹੀ ਯਾਦ ਕਰਦੇ ਰਹੋ।2।

ਹੇ ਭਾਈ! ਜਿੱਥੇ ਕੋਈ ਭੀ ਮਦਦ ਨਹੀਂ ਕਰ ਸਕਦਾ, ਪਰਮਾਤਮਾ ਉੱਥੇ (ਭੀ) ਸਾਥੀ ਬਣਦਾ ਹੈ, (ਜੀਵਾਂ ਦੇ) ਕ੍ਰੋੜਾਂ ਪਾਪ ਇਕ ਖਿਨ ਵਿਚ ਧੋ ਦੇਂਦਾ ਹੈ। ਹੇ ਭਾਈ! ਉਹ ਪ੍ਰਭੂ (ਸਭ ਜੀਵਾਂ ਨੂੰ) ਦਾਤਾਂ ਦੇਂਦਾ ਰਹਿੰਦਾ ਹੈ, ਕਦੇ (ਇਸ ਗੱਲੋਂ) ਪਛੁਤਾਂਦਾ ਨਹੀਂ। (ਜਿਸ ਪ੍ਰਾਣੀ ਉਤੇ) ਇਕ ਵਾਰੀ ਬਖ਼ਸ਼ਸ਼ ਕਰ ਦੇਂਦਾ ਹੈ, ਉਸ ਨੂੰ (ਉਸ ਦੇ ਲੇਖਾ ਮੰਗਣ ਲਈ) ਫਿਰ ਨਹੀਂ ਸੱਦਦਾ।3।

ਹੇ ਭਾਈ! ਸ੍ਰਿਸ਼ਟੀ ਦਾ ਰੱਖਿਅਕ ਪ੍ਰਭੂ ਸਾਧ ਸੰਗਤਿ ਵਿਚ ਵੱਸਦਾ ਹੈ। ਪਿਛਲੇ ਕੀਤੇ ਕਰਮਾਂ ਦੇ ਸੰਜੋਗਾਂ ਨਾਲ (ਉਸ ਨੂੰ ਸਾਧ ਸੰਗਤਿ ਵਿਚ) ਢੂੰਢ ਕੇ ਲੱਭ ਲਈਦਾ ਹੈ। ਹੇ ਮੁਰਾਰੀ! ਗੁਰੂ ਦੀ ਸਰਨ ਪੈ ਕੇ ਮੈਂ ਤੇਰੇ ਦਰ ਤੇ ਆਇਆ ਹਾਂ (ਆਪਣੇ) ਦਾਸ ਨਾਨਕ ਨੂੰ (ਆਪਣਾ) ਦੀਦਾਰ ਬਖ਼ਸ਼।4।1।